ਗਾਵੈ ਕੋ ਤਾਣੁ ਹੋਵੈ ਕਿਸੈ ਤਾਣੁ ॥ ਗਾਵੈ ਕੋ ਦਾਤਿ ਜਾਣੈ
ਨੀਸਾਣੁ ॥ ਗਾਵੈ ਕੋ ਗੁਣ ਵਡਿਆਈਆ ਚਾਰ ॥ ਗਾਵੈ ਕੋ
ਵਿਦਿਆ ਵਿਖਮੁ ਵੀਚਾਰੁ ॥ ਗਾਵੈ ਕੋ ਸਾਜਿ ਕਰੇ ਤਨੁ ਖੇਹ ॥
ਗਾਵੈ ਕੋ ਜੀਅ ਲੈ ਫਿਰਿ ਦੇਹ ॥ ਗਾਵੈ ਕੋ ਜਾਪੈ ਦਿਸੈ ਦੂਰਿ ॥
ਗਾਵੈ ਕੋ ਵੇਖੈ ਹਾਦਰਾ ਹਦੂਰਿ ॥ ਕਥਨਾ ਕਥੀ ਨ ਆਵੈ ਤੋਟਿ
॥ ਕਥਿ ਕਥਿ ਕਥੀ ਕੋਟੀ ਕੋਟਿ ਕੋਟਿ ॥ ਦੇਦਾ ਦੇ ਲੈਦੇ ਥਕਿ
ਪਾਹਿ ॥ ਜੁਗਾ ਜੁਗੰਤਰਿ ਖਾਹੀ ਖਾਹਿ ॥ ਹੁਕਮੀ ਹੁਕਮੁ
ਚਲਾਏ ਰਾਹੁ ॥ ਨਾਨਕ ਵਿਗਸੈ ਵੇਪਰਵਾਹੁ ॥੩॥